ਸੋਰਠਿ ਮਹਲਾ ੫ ॥ ਪਾਰਬ੍ਰਹਮਿ ਸਾਜਿ ਸਵਾਰਿਆ ॥ ਇਹੁ ਲਹੁੜਾ ਗੁਰੂ ਉਬਾਰਿਆ ॥ ਅਨਦ ਕਰਹੁ ਪਿਤ ਮਾਤਾ ॥ ਪਰਮੇਸਰੁ ਜੀਅ ਕਾ ਦਾਤਾ ॥੧॥ ਸੁਭ ਚਿਤਵਨਿ ਦਾਸ ਤੁਮਾਰੇ ॥ ਰਾਖਹਿ ਪੈਜ ਦਾਸ ਅਪੁਨੇ ਕੀ ਕਾਰਜ ਆਪਿ ਸਵਾਰੇ ॥ ਰਹਾਉ ॥ ਮੇਰਾ ਪ੍ਰਭੁ ਪਰਉਪਕਾਰੀ ॥ ਪੂਰਨ ਕਲ ਜਿਨਿ ਧਾਰੀ ॥ ਨਾਨਕ ਸਰਣੀ ਆਇਆ ॥ ਮਨ ਚਿੰਦਿਆ ਫਲੁ ਪਾਇਆ ॥੨॥੧੦॥੭੪॥ {ਪੰਨਾ 627}

ਪਦਅਰਥ:- ਪਾਰਬ੍ਰਹਮਿ—ਪਰਮਾਤਮਾ ਨੇ। ਸਾਜਿ—ਸਾਜ ਕੇ, ਪੈਦਾ ਕਰ ਕੇ। ਸਵਾਰਿਆ—ਸੋਹਣਾ ਬਣਾ ਦਿੱਤਾ। ਲਹੁੜਾ—ਛੋਟਾ ਬੱਚਾ। ਉਬਾਰਿਆ—ਬਚਾ ਲਿਆ ਹੈ। ਕਰਹੁ—ਕਰਨੁ, ਬੇਸ਼ਕ ਕਰਨ {ਹੁਕਮੀ ਭਵਿਖਤ, ਅੱਨ ਪੁਰਖ, ਬਹੁ-ਵਚਨ}। ਪਿਤ ਮਾਤਾ—ਮਾਪੇ। ਜੀਅ ਕਾ ਦਾਤਾ—ਜਿੰਦ ਦਾ ਦੇਣ ਵਾਲਾ।1।

ਸੁਭ—ਭਲਾਈ, ਸਭ ਦੀ ਭਲਾਈ। ਚਿਤਵਨਿ—ਚਿਤਵਦੇ ਹਨ। ਰਾਖਹਿ—ਤੂੰ ਰੱਖਦਾ ਹੈਂ। ਪੈਜ—ਲਾਜ। ਸਵਾਰੇ—ਸਵਾਰ ਕੇ, ਸਿਰੇ ਚਾੜ੍ਹ ਕੇ। ਰਹਾਉ।

ਪਰਉਪਕਾਰੀ—ਦੂਜਿਆਂ ਦੀ ਭਲਾਈ ਕਰਨ ਵਾਲਾ। ਕਲ—ਸੱਤਿਆ, ਸ਼ਕਤੀ। ਜਿਨਿ—ਜਿਸ (ਪ੍ਰਭੂ) ਨੇ। ਮਨ ਚਿੰਦਿਆ—ਮਨ-ਇੱਛਤ। ਚਿੰਦਿਆ—ਚਿਤਵਿਆ।2।

ਅਰਥ:- ਹੇ ਪ੍ਰਭੂ! ਤੇਰੇ ਸੇਵਕ ਸਭ ਦਾ ਭਲਾ ਮੰਗਦੇ ਹਨ। (ਆਪਣੇ ਸੇਵਕਾਂ ਦੀ ਮੰਗ ਅਨੁਸਾਰ) ਤੂੰ ਕੰਮ ਸਵਾਰ ਕੇ ਆਪਣੇ ਸੇਵਕਾਂ ਦੀ ਇੱਜ਼ਤ ਰੱਖ ਲੈਂਦਾ ਹੈਂ। ਰਹਾਉ।

ਹੇ ਭਾਈ! ਪਰਮਾਤਮਾ ਨੇ ਇਸ ਛੋਟੇ ਬੱਚੇ (ਹਰਗੋਬਿੰਦ) ਨੂੰ ਸਾਜਿਆ ਤੇ ਸਵਾਰਿਆ। ਪਰਮਾਤਮਾ ਹੀ ਜਿੰਦ ਦਾ ਦਾਤਾ ਹੈ (ਰਾਖਾ ਹੈ)। (ਸਾਧ ਸੰਗਤਿ ਦੀ ਅਰਦਾਸ ਸੁਣ ਕੇ) ਗੁਰੂ ਨੇ ਇਸ ਨੂੰ ਬਚਾ ਲਿਆ ਹੈ। (ਗੁਰੂ ਪਰਮਾਤਮਾ ਦੀ ਮੇਹਰ ਦਾ ਸਦਕਾ ਇਸ ਦੇ) ਮਾਪੇ ਬੇਸ਼ਕ ਖ਼ੁਸ਼ੀ ਮਨਾਣ।1।

ਹੇ ਭਾਈ! ਜਿਸ ਮੇਰੇ ਪ੍ਰਭੂ ਨੇ ਸਾਰੇ ਜਗਤ ਵਿਚ ਆਪਣੀ ਸ਼ਕਤੀ ਟਿਕਾਈ ਹੋਈ ਹੈ, ਉਹੀ ਸਭ ਦੀ ਭਲਾਈ ਕਰਨ ਵਾਲਾ ਹੈ। ਹੇ ਨਾਨਕ! (ਆਖ—ਹੇ ਭਾਈ!) ਜੇਹੜਾ ਭੀ ਮਨੁੱਖ (ਉਸ ਪ੍ਰਭੂ ਦੀ) ਸਰਨ ਆ ਪੈਂਦਾ ਹੈ, ਉਹ ਮਨ-ਮੰਗੀ ਮੁਰਾਦ ਪਾ ਲੈਂਦਾ ਹੈ।2।10। 74।